**ਆਪਣੇ ਪਿੰਡ ਦੇ ਸਰਪੰਚ ਨੂੰ ਮੁਹੱਲੇ ਦੀ ਸਫ਼ਾਈ ਅਤੇ ਗੰਦੇ ਪਾਣੀ ਦੇ ਪ੍ਰਬੰਧ ਨੂੰ ਸੁਧਾਰਨ ਲਈ ਬਿਨੈ-ਪੱਤਰ ਲਿਖੋ।**



ਸੇਵਾ ਵਿਖੇ

ਸਰਪੰਚ,

ਗ੍ਰਾਮ ਪੰਚਾਇਤ,

ਪਿੰਡ ...............।

**ਵਿਸ਼ਾ :** ਮੁਹੱਲੇ ਦੀ ਸਫ਼ਾਈ ਅਤੇ ਗੰਦੇ ਪਾਣੀ ਦੇ ਪ੍ਰਬੰਧ ਨੂੰ ਸੁਧਾਰਨ ਸੰਬੰਧੀ।

ਸ੍ਰੀਮਾਨ ਜੀ,

ਬੇਨਤੀ ਹੈ ਕਿ ਮੈਂ ਆਪ ਜੀ ਦਾ ਧਿਆਨ ਪਿੰਡ ਦੀ ਫਿਰਨੀ ਅਤੇ ਗਲ਼ੀਆਂ ਵੱਲ ਦਿਵਾਉਣਾ ਚਾਹੁੰਦਾ ਹਾਂ। ਫਿਰਨੀ 'ਤੇ ਸੜਕ ਦੇ ਦੋਵੇਂ ਪਾਸੇ ਗੰਦਗੀ ਦੇ ਢੇਰ ਲੱਗੇ ਰਹਿੰਦੇ ਹਨ ਜਿਸ ਕਰਕੇ ਹਮੇਸ਼ਾਂ ਬਿਮਾਰੀਆਂ ਫੈਲਣ ਦਾ ਡਰ ਬਣਿਆ ਰਹਿੰਦਾ ਹੈ। ਕੁੱਤੇ, ਬਿੱਲੀਆਂ, ਸੂਰ ਤੇ ਹੋਰ ਅਵਾਰਾ ਪਸ਼ੂ ਇਹਨਾਂ ਗੰਦਗੀ ਦੇ ਢੇਰਾਂ ਨੂੰ ਫਰੋਲ਼ਦੇ ਰਹਿੰਦੇ ਹਨ, ਜਿਸ ਕਾਰਨ ਸੜਕ 'ਤੇ ਵੀ ਕੂੜਾ-ਕਰਕਟ ਖਿੱਲਰ ਜਾਦਾ ਹੈ।

ਗੰਦੇ ਪਾਣੀ ਦੇ ਨਿਕਾਸ ਲਈ ਵੀ ਉੱਚਿਤ ਪ੍ਰਬੰਧ ਨਹੀਂ ਹੈ, ਜਿਸ ਕਾਰਨ ਬਰਸਾਤ ਦੇ ਦਿਨਾਂ ਵਿੱਚ ਗੰਦਾ ਪਾਣੀ ਸੜਕਾਂ ਅਤੇ ਗਲ਼ੀਆਂ ਵਿੱਚ ਭਰ ਜਾਂਦਾ ਹੈ।

ਸੋ ਮੈਂ ਆਪਣੇ ਪਿੰਡ ਵਾਸੀਆਂ ਵਲੋਂ ਆਪ ਜੀ ਨੂੰ ਬੇਨਤੀ ਕਰਦਾ ਹਾਂ ਕਿ ਛੇਤੀ ਤੋਂ ਛੇਤੀ ਕੂੜਾ ਚੁਕਾਉਣ ਦਾ ਉਪਰਾਲਾ ਕੀਤਾ ਜਾਵੇ। ਕੂੜਾ ਸੁੱਟਣ ਲਈ ਵੱਡੇ-ਵੱਡੇ ਢੱਕਣਦਾਰ ਢੋਲ ਰਖਵਾਉਣ ਦੀ ਕਿਰਪਾਲਤਾ ਕੀਤੀ ਜਾਵੇ ਜੀ। ਗੰਦੇ ਪਾਣੀ ਦੇ ਨਿਕਾਸ ਲਈ ਨਾਲ਼ੀਆਂ ਨੂੰ ਸਾਫ਼ ਕਰਵਾਇਆ ਜਾਵੇ ਤਾਂ ਜੋ ਇਲਾਕਾ-ਨਿਵਾਸੀ ਘਾਤਕ ਬਿਮਾਰੀਆਂ ਤੋਂ ਬਚੇ ਰਹਿਣ।

ਧੰਨਵਾਦ ਸਹਿਤ।

ਆਪ ਜੀ ਦਾ ਵਿਸ਼ਵਾਸ ਪਾਤਰ,

..................,

ਮਿਤੀ ... ਜੁਲਾਈ, 2021.

ਪਿੰਡ ............।